# ਦਫਤਰ ਜ਼ਿਲ੍ਹਾ ਮੈਜਿਸਟਰੇਟ, ਬਠਿੰਡਾ

(ਫੁਟਕਲ ਸਾਖਾ-1)

ਹੁਕਮ ਅਧੀਨ ਧਾਰਾ 163 ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ,2023

ਜਦੋਂ ਕਿ ਭਾਰਤ ਵਿੱਚ ਮਿਲਟਰੀ ਅਧਿਕਾਰੀਆਂ ਵੱਲੋਂ ਮਿਲਟਰੀ ਰੰਗ ਦੀ ਵਰਦੀ ਅਤੇ Olive Green ਰੰਗ ਦੀਆ ਜੀਪਾਂ/ ਮੋਟਰ ਸਾਈਕਲਾਂ ਦੀ ਵਰਤੋਂ ਕੀਤੀ ਜਾਂਦੀ ਹੈ। ਕਿਸੇ ਵੀ ਸਮਾਜ ਵਿਰੋਧੀ ਤੱਤਾ ਵੱਲੋ ਅਜਿਹੇ ਰੰਗ ਦੀ ਵਰਦੀ ਜਾਂ ਜੀਪਾਂ/ ਮੋਟਰ ਸਾਇਕਲਾਂ ਆਦਿ ਦੀ ਵਰਤੋਂ ਕਰਦੇ ਹੋਏ ਕੋਈ ਵੀ ਗੈਰਕਾਨੂੰਨੀ ਕਾਰਵਾਈ ਜਾਂ ਹਿੰਸਕ ਘਟਨਾ ਕੀਤੀ ਜਾ ਸਕਦੀ ਹੈ, ਜਿਸ ਨਾਲ ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਖਤਰਾ ਪੈਦਾ ਹੋ ਸਕਦਾ ਹੈ। ਇਸ ਲਈ ਵੱਖਰੇਪਨ ਨੂੰ ਯਕੀਨੀ ਬਣਾਉਣ ਲਈ ਅਤੇ ਅਜਿਹੀਆਂ ਘਟਨਾਵਾਂ ਰੋਕਣ ਲਈ ਇਹ ਜਰੂਰੀ ਹੋ ਜਾਂਦਾ ਹੈ, ਕਿ Olive Green ਰੰਗ ਦੀ ਮਿਲਟਰੀ ਵਰਦੀ ਅਤੇ Olive Green (ਮਿਲਟਰੀ ਗਰੀਨ ਰੰਗ) ਦੀਆਂ ਜੀਪਾਂ/ ਮੋਟਰ ਸਾਈਕਲਾਂ/ ਮੋਟਰਗੱਡੀਆਂ ਦੀ ਵਰਤੋ ਆਮ ਜੰਤਾ ਵੱਲੋ ਤਰੁੰਤ ਬੰਦ ਕੀਤੀ ਜਾਵੇ।

ਇਸ ਲਈ, ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਾ ਹੋਇਆ ਮੈਂ, ਸ਼ੌਕਤ ਅਹਿਮਦ ਪਰੇ, ਆਈ.ਏ.ਐਸ, ਜਿਲ੍ਹਾ ਮੈਜਿਸਟਰੇਟ, ਬਠਿੰਡਾ ਆਮ ਪਬਲਿਕ ਨੂੰ ਹੁਕਮ ਦਿੰਦਾ ਹਾਂ ਕਿ ਕੋਈ ਵੀ ਵਿਅਕਤੀ (ਡਿਫੈਂਸ ਫੋਰਸਾਂ ਤੋਂ ਸਿਵਾਏ) ਜਿਲ੍ਹਾ ਬਠਿੰਡਾ ਅੰਦਰ Olive Green ਰੰਗ ਦੀਆ ਨਵੇਂ ਅਤੇ ਪੁਰਾਣੇ ਪੈਟਰਨ ਦੋਵੇਂ ਤਰ੍ਹਾ ਦੀਆਂ ਮਿਲਟਰੀ ਵਰਦੀਆ ਅਤੇ Olive Green ਰੰਗ (ਮਿਲਟਰੀ ਗਰੀਨ ਰੰਗ) ਦੀਆਂ ਜੀਪਾਂ/ ਮੋਟਰ ਸਾਈਕਲਾਂ/ ਮੋਟਰਗੱਡੀਆਂ ਦੀ ਵਰਤੋਂ ਨਹੀਂ ਕਰੇਗਾ।

ਉਪਰੋਕਤ ਮਾਮਲੇ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕਤਰਫ਼ਾ ਪਾਸ ਕਰਕੇ ਆਮ ਜਨਤਾ ਦੇ ਨਾਮ ਜਾਰੀ ਕੀਤਾ ਜਾਂਦਾ ਹੈ।

ਇਹ ਹੁਕਮ ਮਿਤੀ 10 / 02 /2025 ਤੋਂ ਮਿਤੀ ੦੭/ ੦੪ /2025 ਤੱਕ ਲਾਗੂ ਰਹੇਗਾ।

ਇਹ ਹੁਕਮ ਸੀਨੀਅਰ ਕਪਤਾਨ ਪੁਲਿਸ, ਬਠਿੰਡਾ ਦੁਆਰਾ ਲਾਗੂ ਕਰਵਾਇਆ ਜਾਵੇਗਾ। ਇਹ ਹੁਕਮ ਲਾਗੂ ਕਰਨ ਲਈ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਠਿੰਡਾ ਵੱਲੋਂ ਮੀਡੀਆ ਅਤੇ ਅਖ਼ਬਾਰਾਂ ਰਾਹੀਂ ਪ੍ਰਚਾਰ ਕਰਕੇ ਆਮ ਪਬਲਿਕ ਨੂੰ ਸੂਚਿਤ ਕੀਤਾ ਜਾਵੇਗਾ। ਇਸ ਹੁਕਮ ਦੀਆਂ ਕਾਪੀਆਂ ਦਫਤਰ ਜਿਲ੍ਹਾ ਮੈਜਿਸਟਰੇਟਸ, ਜ਼ਿਲ੍ਹੇ ਦੇ ਉਪ ਮੰਡਲ ਮੈਜਿਸਟਰੇਟਸ, ਤਹਿਸੀਲਦਾਰਾਂ, ਬਲਾਕ ਵਿਕਾਸ ਤੇ ਪੰਚਾਇਤ ਅਫਸਰਾਂ, ਮਾਰਕਿਟ ਕਮੇਟੀਆਂ, ਪੁਲਿਸ ਸਟੇਸ਼ਨਾਂ ਅਤੇ ਨਗਰ ਪਾਲਿਕਾਵਾਂ ਦੇ ਨੋਟਿਸ ਬੋਰਡਾਂ ਅਤੇ ਜ਼ਿਲ੍ਹਾ ਬਠਿੰਡਾ ਦੀਆਂ ਉਘੀਆਂ ਥਾਵਾਂ ਤੇ ਆਮ ਪਬਲਿਕ ਦੀ ਜਾਣਕਾਰੀ ਲਈ ਲਗਾਈਆਂ ਜਾਣਗੀਆਂ।

ਇਹ ਹੁਕਮ ਅੱਜ ਮਿਤੀ 10/02 /2025 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਹੇਠ ਜਾਰੀ ਹੋਇਆ ਹੈ।

(ਸ਼ੌਕਤ ਅਹਿਮਦ ਪਰੇ, ਆਈ ਏ ਐੱਸ)
ਜ਼ਿਲ੍ਹਾ ਮੈਜਿਸਟਰੇਟ, ਬਠਿੰਡਾ

ਪਿੱਠ ਅੰਕਣ ਨੰ 2227 - 2326 /ਫਸ    ਮਿਤੀ 10/02/2025

ਉਪਰੋਕਤ ਦਾ ਉਤਾਰਾ:-

1. ਮੁੱਖ ਸਕੱਤਰ ਪੰਜਾਬ ਸਰਕਾਰ, ਚੰਡੀਗੜ੍ਹ
2. ਪ੍ਰਿੰਸੀਪਲ ਸਕੱਤਰ, ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਪੰਜਾਬ, ਚੰਡੀਗੜ੍ਹ।
3. ਕਮਿਸ਼ਨਰ, ਫਰੀਦਕੋਟ ਮੰਡਲ,
4. ਡੀ.ਆਈ.ਜੀ(ਸੀ.ਆਈ.ਡੀ),ਪੰਜਾਬ, ਚੰਡੀਗੜ੍ਹ/ ਡੀ.ਆਈ.ਜੀ, ਪੁਲਿਸ ਰੇਂਜ, ਫਰੀਦਕੋਟ, ਬਠਿੰਡਾ
5. ਜ਼ਿਲ੍ਹਾ ਤੇ ਸੈਸ਼ਨ ਜੱਜ ਬਠਿੰਡਾ
6. ਜਿਲ੍ਹਾ ਮੈਜਿਸਟਰੇਟ, ਫਰੀਦਕੋਟ/ ਫਿਰੋਜਪੁਰ / ਜਲੰਧਰ/ ਅੰਮ੍ਰਿਤਸਰ/ ਬਰਨਾਲਾ/ ਕਪੂਰਥਲਾ/ ਹੁਸ਼ਿਆਰਪੁਰ/ ਪਟਿਆਲਾ/ ਮਾਨਸਾ/ ਸ੍ਰੀ ਮੁਕਤਸਰ ਸਾਹਿਬ/ ਰੂਪਨਗਰ/ ਨਵਾਂਸ਼ਹਿਰ/ ਫਤਿਹਗੜ੍ਹਸਾਹਿਬ/ ਤਰਨਤਾਰਨ/ ਲੁਧਿਆਣਾ/ ਮੋਗਾ/ ਪਠਾਨਕੋਟ/ ਫਾਜਿਲਕਾ/ ਮਲੇਰਕੋਟਲਾ/ਸੰਗਰੂਰ/ ਗੁਰਦਾਸਪੁਰ/ ਮੋਹਾਲੀ/
7. ਸੀਨੀਅਰ ਕਪਤਾਨ ਪੁਲਿਸ, ਬਠਿੰਡਾ
8. ਕਮਿਸ਼ਨਰ, ਨਗਰ ਨਿਗਮ, ਬਠਿੰਡਾ/ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ),ਬਠਿੰਡਾ/ਵਧੀਕ ਡਿਪਟੀ ਕਮਿਸ਼ਨਰ ਬਠਿੰਡਾ/ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ), ਬਠਿੰਡਾ/ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਬਠਿੰਡਾ/ ਸਹਾਇਕ ਕਮਿਸ਼ਨਰ (ਜ), ਬਠਿੰਡਾ। ਸਹਾਇਕ ਕਮਿਸ਼ਨਰ (ਸ਼ਿਕਾਇਤਾਂ), ਬਠਿੰਡਾ।ਵਧੀਕ ਮੁੱਖ ਪ੍ਰਸ਼ਾਸਕ (ਪੁੱਡਾ), ਬਠਿੰਡਾ/ ਮੁੱਖ ਪ੍ਰਸ਼ਾਸਕ ਬਠਿੰਡਾ ਵਿਕਾਸ ਅਥਾਰਟੀ, ਬਠਿੰਡਾ/ ਉਪਮੰਡਲ ਮੈਜਿਸਟਰੇਟ, ਬਠਿੰਡਾ/ ਰਾਮਪੁਰਾ ਫੂਲ/ ਤਲਵੰਡੀ ਸਾਬੋ/ਮੌੜ
9. The GOC,Headquarters 10 corps, PIN-908510,c/o 56 APO ਪਾਸ ਸੂਚਨਾ ਤੇ ਲੋੜੀਂਦੀ ਕਾਰਵਾਈ ਲਈ ਭੇਜਿਆ ਜਾਂਦਾ ਹੈ।
10. ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਬਠਿੰਡਾ/ਸਟੇਸ਼ਨ ਹੈੱਡ-ਕੁਆਟਰ,ਮਿਲਟਰੀ ਸਟੇਸ਼ਨ,ਬਠਿੰਡਾ/ਸਟੇਸ਼ਨ ਕਮਾਂਡਰ,ਏਅਰਫੋਰਸ ਸਟੇਸ਼ਨ, ਭਿਸੀਆਣਾ, ਜਿਲ੍ਹਾ ਬਠਿੰਡਾ।
11. ਜ਼ਿਲ੍ਹਾ ਮਾਲ ਅਫਸਰ, ਬਠਿੰਡਾ/ ਤਹਿਸੀਲਦਾਰ,ਬਠਿੰਡਾ/ਰਾਮਪੁਰਾਫੂਲ/ਤਲਵੰਡੀਸਾਬੋ/ਮੌੜ/ਨਾਇਬ ਤਹਿਸੀਲਦਾਰ ਮੌੜ/ ਨਥਾਣਾ/ਸੰਗਤ/ਭਗਤਾ ਭਾਈਕਾ ਅਗਰੇਰੀਅਨ, ਬਠਿੰਡਾ/ਮਿਲਟਰੀ ਲੈਂਡ ਐਕੁਜੀਸ਼ਨ, ਬਠਿੰਡਾ/ਡਿਪਟੀ ਡਾਇਰੈਕਟਰ ਪਸ਼ੂ ਪਾਲਣ, ਬਠਿੰਡਾ।
12. ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਬਠਿੰਡਾ/ ਸੰਗਤ/ ਨਥਾਣਾ/ ਰਾਮਪੁਰਾ/ਫੂਲ/ ਭਗਤਾਭਾਈਕਾ/ਤਲਵੰਡੀਸਾਬੋ/ ਮੌੜ /ਗੋਨਿਆਣਾਮੰਡੀ
13. ਕਾਰਜ ਸਾਧਕ ਅਫਸਰ ਨਗਰ ਕੌਂਸਲ ਗੋਨਿਆਣਾ/ਭੁੱਚੋਮੰਡੀ/ਸੰਗਤ / ਕੋਟਫੱਤਾ / ਮੌੜ/ ਰਾਮਾਮੰਡੀ/ ਰਾਮਪੁਰਾਫੂਲ/ ਭਾਈਰੂਪਾ/ਤਲਵੰਡੀ ਸਾਬੋ/ ਕੋਟਸ਼ਮੀਰ/ਲਹਿਰਾ ਮੁਹੱਬਤ/ਭਗਤਾਭਾਈਕਾ/ਮਹਿਰਾਜ/ਮਲੂਕਾ/ਕੋਠਾਗੁਰੂਕਾ/ਨਥਾਣਾ।
14. ਸਕੱਤਰ ਮਾਰਕਿਟ ਕਮੇਟੀ,ਬਠਿੰਡਾ,ਗੋਨਿਆਣਾ/ਭੁੱਚੋ/ਰਾਮਾਂ/ਮੌੜ/ਸੰਗਤ/ਤਲਵੰਡੀਸਾਬੋ/ਰਾਮਪੁਰਾਫੂਲ/ਭਗਤਾਭਾਈਕਾ।
15. ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਠਿੰਡਾ ਪਾਸ ਉਕਤ ਅਨੁਸਾਰ ਕਾਰਵਾਈ ਕਰਕੇ ਰਿਪੋਰਟ ਭੇਜਣ ਹਿੱਤ ਭੇਜਿਆ ਜਾਂਦਾ ਹੈ।
16. District Informatics Officer , NIC ,ਬਠਿੰਡਾ ਪਾਸ ਹੁਕਮ ਦੀ ਕਾਪੀ ਜ਼ਿਲ੍ਹੇ ਦੀ ਵੈੱਬਸਾਈਟ ਤੇ ਅਪਲੋਡ ਕਰਨ ਹਿਤ ਭੇਜਿਆ ਜਾਂਦਾ ਹੈ।
17. ਪੀ.ਏ.ਟੂ ਡੀ.ਸੀ./ਪੀ.ਏ. ਟੂ ਏ.ਡੀ.ਸੀ., ਬਠਿੰਡਾ

ਪਾਸ ਸੂਚਨਾ ਤੇ ਲੋੜੀਂਦੀ ਕਾਰਵਾਈ ਲਈ ਭੇਜਿਆ ਜਾਂਦਾ ਹੈ।

ਜ਼ਿਲ੍ਹਾ ਮੈਜਿਸਟਰੇਟ,
ਬਠਿੰਡਾ

## ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ

ਪਿਠ ਅੰਕਣ ਨੰ :ਜੀ-1/1 ( )2025/ 1340    ਮਿਤੀ: 11.02.25

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁੱਖੀਆਂ ਨੂੰ ,ਸੂਚਨਾ ਅਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ।